**First Position in National Level Poster making Competition**

Dilpreet Kaur, BCOM Hons. Of Sri Guru Teg Bahadur Khalsa College, Sri Anandpur Sahib, scored First Position in Poster Making in National level Poster Making Competition, organized by Mata Sundri College (Girls) Nising, Karnal Jan.26th, 2022. College Principal Dr. Jasvir Singh appreciated the efforts of the Fine Arts Department and congratulated student for her achievement.

ਪੰਜਾਬ ਟਾਈਮਜ਼
Leading Punjabi daily newspaper

## ਖ਼ਾਲਸਾ ਕਾਲਜ ਦੀ ਵਿਦਿਆਰਥਣ ਰਾਸ਼ਟਰੀ ਪੱਧਰ ਦੇ ਆਨਲਾਈਨ ਪੋਸਟਰ ਮੇਕਿੰਗ ਮੁਕਾਬਲੇ 'ਚ ਅੱਵਲ

ਪੰਜਾਬ ਟਾਈਮਜ਼ ਵਿਸ਼ੇਸ਼

ਸ੍ਰੀ ਅਨੰਦਪੁਰ ਸਾਹਿਬ, 3 ਫਰਵਰੀ (ਦਵਿੰਦਰਪਾਲ ਸਿੰਘ, ਅੰਕੁਸ਼)-ਸਥਾਨਕ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਦੀ ਵਿਦਿਆਰਥਣ ਨੇ ਮਾਣਮੱਤੀ ਪ੍ਰਾਪਤੀ ਕਰਕੇ ਕਾਲਜ ਦੀ ਸ਼ਾਨ ਵਿੱਚ ਵਾਧਾ ਕੀਤਾ। ਕਾਲਜ ਦੀ ਵਿਦਿਆਰਥਣ ਦਿਲਪ੍ਰੀਤ ਕੌਰ (ਬੀ.ਕਾਮ ਭਾਗ ਦੂਜਾ) ਨੇ ਮਾਤਾ ਸੁੰਦਰੀ ਖਾਲਸਾ ਕਾਲਜ (ਲੜਕੀਆਂ), ਨਿਸਿੰਗ, ਕਰਨਾਲ ਵੱਲੋਂ 26 ਜਨਵਰੀ ਨੂੰ ਕਰਵਾਏ ਗਏ ਰਾਸ਼ਟਰੀ ਪੱਧਰ ਦੇ ਆਨਲਾਈਨ ਪੋਸਟਰ ਮੇਕਿੰਗ ਮੁਕਾਬਲੇ ਵਿੱਚ ਭਾਗ ਲਿਆ। ਜਿਸ ਵਿੱਚ



ਵਿਦਿਆਰਥਣ ਨੇ 'ਨੈਸ਼ਨਲ ਹੀਰੋਜ਼' ਥੀਮ ਉੱਪਰ ਪੋਸਟਰ ਤਿਆਰ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸ ਸੰਬੰਧੀ ਕਾਲਜ ਪ੍ਰਿੰਸੀਪਲ ਡਾ.ਜਸਵੀਰ ਸਿੰਘ ਨੇ ਵਿਦਿਆਰਥਣ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਕਾਲਜ ਲਈ ਇੱਕ ਮਾਣਮੱਤੀ ਪ੍ਰਾਪਤੀ ਹੈ। ਉਨ੍ਹਾਂ ਕਿਹਾ ਕਿ ਕਾਲਜ ਵੱਲੋਂ ਹਮੇਸ਼ਾਂ ਹੀ ਆਪਣੇ ਵਿਦਿਆਰਥੀਆਂ ਨੂੰ ਵੱਖ-ਵੱਖ ਕਲਾਤਮਿਕ, ਵਿੱਦਿਅਕ, ਧਾਰਮਿਕ ਅਤੇ ਰਚਨਾਤਮਿਕ ਗਤੀਵਿਧੀਆਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ ਜਾਂਦਾ ਹੈ ਤਾਂ ਜੋ ਭਵਿੱਖ ਵਿੱਚ ਉਹਨਾਂ ਨੂੰ ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ ਦੇ ਮੌਕੇ ਪ੍ਰਦਾਨ ਕੀਤੇ ਜਾ ਸਕਣ। ਇਸ ਮੌਕੇ ਪ੍ਰਿੰਸੀਪਲ ਸਾਹਿਬ ਨੇ ਫਾਈਨ ਆਰਟਸ ਵਿਭਾਗ ਮੁਖੀ ਪ੍ਰੋ.ਪ੍ਰਭਜੋਤ ਕੌਰ ਦੀ ਵਿਦਿਆਰਥੀਆਂ ਦੀ ਯੋਗ ਅਗਵਾਈ ਕਰਨ ਲਈ ਪ੍ਰਸੰਸਾ ਕੀਤੀ ਅਤੇ ਉਨ੍ਹਾਂ ਵਿਦਿਆਰਥੀਆਂ ਨੂੰ ਵਧ ਚੜ੍ਹ ਕੇ ਇਹੋ ਜਿਹੇ ਮੁਕਾਬਲਿਆਂ ਵਿੱਚ ਭਾਗ ਲੈਣ ਲਈ ਪ੍ਰੇਰਿਆ।

Main Edition
Feb 4, 2022 Page No. 3
Powered by : eReleGo.com